**ਵਡਹੰਸੁ ਮਹਲਾ ੩ ॥ ਸਚਾ ਸਉਦਾ ਹਰਿ ਨਾਮੁ ਹੈ ਸਚਾ ਵਾਪਾਰਾ ਰਾਮ ॥ ਗੁਰਮਤੀ ਹਰਿ ਨਾਮੁ ਵਣਜੀਐ ਅਤਿ ਮੋਲੁ ਅਫਾਰਾ ਰਾਮ ॥ ਅਤਿ ਮੋਲੁ ਅਫਾਰਾ ਸਚ ਵਾਪਾਰਾ ਸਚਿ ਵਾਪਾਰਿ ਲਗੇ ਵਡਭਾਗੀ ॥ ਅੰਤਰਿ ਬਾਹਰਿ ਭਗਤੀ ਰਾਤੇ ਸਚਿ ਨਾਮਿ ਲਿਵ ਲਾਗੀ ॥ ਨਦਰਿ ਕਰੇ ਸੋਈ ਸਚੁ ਪਾਏ ਗੁਰ ਕੈ ਸਬਦਿ ਵੀਚਾਰਾ ॥ ਨਾਨਕ ਨਾਮਿ ਰਤੇ ਤਿਨ ਹੀ ਸੁਖੁ ਪਾਇਆ ਸਾਚੈ ਕੇ ਵਾਪਾਰਾ ॥ ੧॥**
{ਪੰਨਾ 570}

ਪਦਅਰਥ:- ਸਚਾ—ਸਦਾ ਨਾਲ ਨਿਭਣ ਵਾਲਾ। ਵਣਜੀਐ—ਖ਼ਰੀਦਿਆ ਜਾ ਸਕਦਾ ਹੈ। ਅਫਾਰਾ—ਬਹੁਤ। ਸਚਿ ਵਾਪਾਰਿ—ਸਦਾ-ਥਿਰ ਹਰੀ ਦੇ ਨਾਮ ਸਿਮਰਨ ਦੇ ਵਪਾਰ ਵਿਚ। ਅੰਤਰਿ—ਹਿਰਦੇ ਵਿਚ। ਬਾਹਰਿ—ਦੁਨੀਆ ਨਾਲ ਕਾਰ-ਵਿਹਾਰ ਕਰਦਿਆਂ। ਲਿਵ—ਲਗਨ। ਸਚ—ਸਦਾ-ਥਿਰ ਹਰਿ-ਨਾਮ। ਸਬਦਿ—ਸ਼ਬਦ ਵਿਚ। ਨਾਮਿ—ਨਾਮ ਵਿਚ। ਸਾਚੈ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੇ।1।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਹੀ ਸਦਾ ਨਾਲ ਨਿਭਣ ਵਾਲਾ ਸੌਦਾ ਹੈ ਵਪਾਰ ਹੈ। ਇਹ ਹਰਿ-ਨਾਮ ਗੁਰੂ ਦੀ ਮਤਿ ਉਤੇ ਤੁਰ ਕੇ ਵਣਜਿਆ ਜਾ ਸਕਦਾ ਹੈ, ਇਸ ਦਾ ਮੁੱਲ ਬਹੁਤ ਹੀ ਜ਼ਿਆਦਾ ਹੈ (ਦੁਨੀਆ ਦਾ ਕੋਈ ਪਦਾਰਥ ਇਸ ਦੀ ਬਰਾਬਰੀ ਨਹੀਂ ਕਰ ਸਕਦਾ)। ਸਦਾ-ਥਿਰ ਪ੍ਰਭੂ ਦੇ ਨਾਮ ਦਾ ਵਪਾਰ ਬਹੁਤ ਮੁੱਲ ਪਾਂਦਾ ਹੈ, ਜੇਹੜੇ ਮਨੁੱਖ ਇਸ ਵਪਾਰ ਵਿਚ ਲੱਗਦੇ ਹਨ ਉਹ ਵੱਡੇ ਭਾਗਾਂ ਵਾਲੇ ਹੋ ਜਾਂਦੇ ਹਨ। ਉਹ ਮਨੁੱਖ ਅੰਤਰ-ਆਤਮੇ ਭਗਤੀ-ਰੰਗ ਨਾਲ ਰੰਗੇ ਰਹਿੰਦੇ ਹਨ, ਦੁਨੀਆ ਨਾਲ ਕਾਰ-ਵਿਹਾਰ ਕਰਦੇ ਭੀ ਉਹ ਭਗਤੀ-ਰੰਗ ਵਿਚ ਰੰਗੇ ਰਹਿੰਦੇ ਹਨ, ਸਦਾ-ਥਿਰ ਹਰਿ-ਨਾਮ ਵਿਚ ਉਹਨਾਂ ਦੀ ਲਗਨ ਲੱਗੀ ਰਹਿੰਦੀ ਹੈ।

ਪਰ, ਹੇ ਭਾਈ! ਉਹੀ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰ ਕਰ ਕੇ ਸਦਾ-ਥਿਰ ਹਰਿ-ਨਾਮ-ਸੌਦਾ ਹਾਸਲ ਕਰਦਾ ਹੈ ਜਿਸ ਉਤੇ ਪਰਮਾਤਮਾ ਮੇਹਰ ਦੀ ਨਜ਼ਰ ਕਰਦਾ ਹੈ। ਹੇ ਨਾਨਕ! (ਆਖ—) ਜੇਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ ਉਹਨਾਂ ਨੇ ਹੀ ਸਦਾ-ਥਿਰ ਪ੍ਰਭੂ ਦੇ ਨਾਮ-ਵਪਾਰ ਵਿਚ ਆਤਮਕ ਆਨੰਦ ਪ੍ਰਾਪਤ ਕੀਤਾ ਹੈ।1।

**ਹੰਉਮੈ ਮਾਇਆ ਮੈਲੁ ਹੈ ਮਾਇਆ ਮੈਲੁ ਭਰੀਜੈ ਰਾਮ ॥ ਗੁਰਮਤੀ ਮਨੁ ਨਿਰਮਲਾ ਰਸਨਾ ਹਰਿ ਰਸੁ ਪੀਜੈ ਰਾਮ ॥ ਰਸਨਾ ਹਰਿ ਰਸੁ ਪੀਜੈ ਅੰਤਰੁ ਭੀਜੈ ਸਾਚ ਸਬਦਿ ਬੀਚਾਰੀ ॥ ਅੰਤਰਿ ਖੂਹਟਾ ਅੰਮ੍ਰਿਤਿ ਭਰਿਆ ਸਬਦੇ ਕਾਢਿ ਪੀਐ ਪਨਿਹਾਰੀ ॥ ਜਿਸੁ ਨਦਰਿ ਕਰੇ ਸੋਈ ਸਚਿ ਲਾਗੈ ਰਸਨਾ ਰਾਮੁ ਰਵੀਜੈ ॥ ਨਾਨਕ ਨਾਮਿ ਰਤੇ ਸੇ ਨਿਰਮਲ ਹੋਰ ਹਉਮੈ ਮੈਲੁ ਭਰੀਜੈ ॥੨॥** {ਪੰਨਾ 570}

ਪਦਅਰਥ:- ਭਰੀਜੈ—ਭਰ ਜਾਂਦਾ ਹੈ, ਲਿੱਬੜ ਜਾਂਦਾ ਹੈ, ਮੈਲਾ ਹੋ ਜਾਂਦਾ ਹੈ। ਰਸਨਾ—ਜੀਭ (ਨਾਲ)। ਪੀਜੈ—ਪੀਣਾ ਚਾਹੀਦਾ ਹੈ। ਅੰਤਰੁ—ਅੰਦਰਲਾ, ਹਿਰਦਾ {ਲਫ਼ਜ਼ 'ਅੰਤਰੁ' ਅਤੇ 'ਅੰਤਰਿ' ਦਾ ਫ਼ਰਕ ਚੇਤੇ ਰੱਖੋ}। ਅੰਤਰਿ—ਅੰਦਰ, ਮਨ ਵਿਚ। ਖੂਹਟਾ—ਸੋਹਣਾ ਜਿਹਾ ਖੂਹ, ਚਸ਼ਮਾ। ਅੰਮ੍ਰਿਤਿ—ਅੰਮ੍ਰਿਤ ਨਾਲ, ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ। ਪੀਐ—ਪੀਂਦੀ ਹੈ। ਪਨਿਹਾਰੀ—ਪਾਣੀ ਭਰਨ ਵਾਲੀ। ਸਚਿ—ਸਦਾ-ਥਿਰ ਹਰਿ-ਨਾਮ ਵਿਚ। ਰਵੀਜੈ—ਸਿਮਰਨਾ ਚਾਹੀਦਾ ਹੈ। ਹੋਰ—ਬਾਕੀ ਦੀ ਲੁਕਾਈ।2।

ਅਰਥ:- ਹੇ ਭਾਈ! ਹਉਮੈ ਅਤੇ ਮਾਇਆ (ਦੀ ਮਮਤਾ ਮਨੁੱਖ ਦੇ ਆਤਮਕ ਜੀਵਨ ਨੂੰ ਮੈਲਾ ਕਰਨ ਵਾਲੀ) ਮੈਲ ਹੈ, ਮਨੁੱਖ ਦਾ ਮਨ ਮਾਇਆ (ਦੀ ਮਮਤਾ) ਦੀ ਮੈਲ ਨਾਲ ਲਿਬੜਿਆ ਰਹਿੰਦਾ ਹੈ। ਗੁਰੂ ਦੀ ਮਤਿ ਉਤੇ ਤੁਰਿਆਂ ਮਨ ਪਵਿਤ੍ਰ ਹੋ ਜਾਂਦਾ ਹੈ (ਇਸ ਵਾਸਤੇ, ਹੇ ਭਾਈ! ਗੁਰੂ ਦੀ ਮਤਿ ਉਤੇ ਤੁਰ ਕੇ) ਜੀਭ ਨਾਲ ਪਰਮਾਤਮਾ ਦਾ ਨਾਮ-ਜਲ ਪੀਂਦੇ ਰਹਿਣਾ ਚਾਹੀਦਾ ਹੈ। ਜੀਭ ਨਾਲ ਹਰਿ ਨਾਮ-ਜਲ ਪੀਂਦੇ ਰਹਿਣਾ ਚਾਹੀਦਾ ਹੈ, (ਇਸ ਨਾਮ ਜਲ ਨਾਲ) ਹਿਰਦਾ ਤਰੋ-ਤਰ ਹੋ ਜਾਂਦਾ ਹੈ, ਅਤੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਨਾਲ ਵਿਚਾਰ-ਵਾਨ ਹੋ ਜਾਂਦਾ

ਹੈ।

ਹੇ ਭਾਈ! ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਭਰਿਆ ਹੋਇਆ ਚਸ਼ਮਾ ਮਨੁੱਖ ਦੇ ਅੰਦਰ ਹੀ ਹੈ, ਜਿਸ ਮਨੁੱਖ ਦੀ ਸੁਰਤਿ ਗੁਰੂ ਦੇ ਸ਼ਬਦ ਦੀ ਰਾਹੀਂ ਇਹ ਨਾਮ-ਜਲ ਭਰਨਾ ਜਾਣਦੀ ਹੈ ਉਹ ਮਨੁੱਖ (ਅੰਦਰਲੇ ਚਸ਼ਮੇ ਵਿਚੋਂ ਨਾਮ-ਜਲ) ਕੱਢ ਕੇ ਪੀਂਦਾ ਰਹਿੰਦਾ ਹੈ।

(ਪਰ, ਹੇ ਭਾਈ!) ਉਹੀ ਮਨੁੱਖ ਸਦਾ-ਥਿਰ ਹਰਿ-ਨਾਮ ਵਿਚ ਲੱਗਦਾ ਹੈ ਜਿਸ ਉਤੇ ਪਰਮਾਤਮਾ ਮੇਹਰ ਦੀ ਨਿਗਾਹ ਕਰਦਾ ਹੈ। (ਹੇ ਭਾਈ!) ਜੀਭ ਨਾਲ ਪਰਮਾਤਮਾ ਦਾ ਨਾਮ ਸਿਮਰਦੇ ਰਹਿਣਾ ਚਾਹੀਦਾ ਹੈ। ਹੇ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ, ਉਹ ਪਵਿਤ੍ਰ ਹੋ ਜਾਂਦੇ ਹਨ, ਬਾਕੀ ਦੀ ਲੁਕਾਈ ਹਉਮੈ ਦੀ ਮੈਲ ਨਾਲ ਲਿਬੜੀ ਰਹਿੰਦੀ ਹੈ।2।

**ਪੰਡਿਤ ਜੋਤਕੀ ਸਭਿ ਪੜਿ ਪੜਿ ਕੂਕਦੇ ਕਿਸੁ ਪਹਿ ਕਰਹਿ ਪੁਕਾਰਾ ਰਾਮ ॥ ਮਾਇਆ ਮੋਹੁ ਅੰਤਰਿ ਮਲੁ ਲਾਗੈ ਮਾਇਆ ਕੇ ਵਾਪਾਰਾ ਰਾਮ ॥ ਮਾਇਆ ਕੇ ਵਾਪਾਰਾ ਜਗਤਿ ਪਿਆਰਾ ਆਵਣਿ ਜਾਣਿ ਦੁਖੁ ਪਾਈ ॥ ਬਿਖੁ ਕਾ ਕੀੜਾ ਬਿਖੁ ਸਿਉ ਲਾਗਾ ਬਿਸ੍ਟਾ ਮਾਹਿ ਸਮਾਈ ॥ ਜੋ ਧੁਰਿ ਲਿਖਿਆ ਸੋਇ ਕਮਾਵੈ ਕੋਇ ਨ ਮੇਟਣਹਾਰਾ ॥ ਨਾਨਕ ਨਾਮਿ ਰਤੇ ਤਿਨ ਸਦਾ ਸੁਖੁ ਪਾਇਆ ਹੋਰਿ ਮੂਰਖ ਕੂਕਿ ਮੁਏ ਗਾਵਾਰਾ ॥3॥** {ਪੰਨਾ 571}

ਪਦਅਰਥ:- ਜੋਤਕੀ—ਜੋਤਸ਼ੀ। ਸਭਿ—ਸਾਰੇ। ਕੂਕਦੇ—ਉੱਚੀ ਉੱਚੀ (ਹੋਰਨਾਂ ਨੂੰ ਹੀ) ਸੁਣਾਂਦੇ ਹਨ। ਪਹਿ—ਪਾਸ, ਕੋਲ। ਅੰਤਰਿ—(ਉਹਨਾਂ ਦੇ) ਅੰਦਰ। ਜਗਤਿ—ਜਗਤ ਵਿਚ। ਆਵਣਿ—ਆਉਣ ਵਿਚ। ਜਾਣਿ—ਜਾਣ ਵਿਚ। ਆਵਣਿ ਜਾਣਿ—ਜਨਮ ਮਰਨ ਦੇ ਗੇੜ ਵਿਚ। ਬਿਖੁ—ਜ਼ਹਿਰ, ਆਤਮਕ ਮੌਤ ਲਿਆਉਣ ਵਾਲਾ ਮਾਇਆ ਦੇ ਮੋਹ ਦੇ ਜ਼ਹਿਰ। ਸਿਉ—ਨਾਲ। ਸਮਾਈ—ਗ਼ਰਕ ਹੋ ਜਾਂਦਾ ਹੈ, ਆਤਮਕ ਜੀਵਨ ਮੁਕਾ ਲੈਂਦਾ ਹੈ। ਧੁਰਿ—ਧੁਰ ਦਰਗਾਹ ਤੋਂ। ਨਾਮਿ—ਨਾਮ ਵਿਚ। ਹੋਰਿ—{ਲਫ਼ਜ਼ 'ਹੋਰ' ਤੋਂ ਬਹੁ-ਵਚਨ} ਬਾਕੀ ਦੇ ਮਨੁੱਖ। ਕੂਕਿ—ਉੱਚੀ ਉੱਚੀ (ਹੋਰਨਾਂ ਨੂੰ) ਉਪਦੇਸ਼ ਕਰ ਕਰ ਕੇ। ਮੁਏ—ਆਤਮਕ ਮੌਤੇ ਮਰਦੇ ਹਨ।3।

ਅਰਥ:- ਪੰਡਿਤ ਅਤੇ ਜੋਤਸ਼ੀ ਇਹ ਸਾਰੇ (ਜੋਤਸ਼ ਆਦਿਕ ਦੀਆਂ ਪੁਸਤਕਾਂ) ਪੜ੍ਹ ਪੜ੍ਹ ਕੇ ਉੱਚੀ ਉੱਚੀ ਹੋਰਨਾਂ ਨੂੰ ਉਪਦੇਸ਼ ਕਰਦੇ ਹਨ, ਪਰ ਇਹ ਕਿਸ ਨੂੰ ਉੱਚੀ ਉੱਚੀ ਸੁਣਾਂਦੇ ਹਨ? ਇਹਨਾਂ ਦੇ ਆਪਣੇ ਅੰਦਰ ਤਾਂ ਮਾਇਆ ਦਾ ਮੋਹ (ਪ੍ਰਬਲ) ਹੈ, (ਇਹਨਾਂ ਦੇ ਆਪਣੇ ਮਨ ਨੂੰ ਤਾਂ ਮਾਇਆ ਦੀ) ਮੈਲ ਲੱਗੀ ਰਹਿੰਦੀ ਹੈ, (ਇਹਨਾਂ ਦੇ ਇਹ ਸਾਰੇ ਉਪਦੇਸ਼) ਮਾਇਆ ਦੇ ਹੀ ਵਪਾਰ ਹਨ। (ਅਜੇਹੇ ਮਨੁੱਖ ਨੂੰ) ਜਗਤ ਵਿਚ (ਇਹ ਧਰਮ-ਉਪਦੇਸ਼) ਮਾਇਆ ਦੇ ਵਪਾਰ (ਵਾਂਗ ਹੀ) ਪਿਆਰੇ ਹਨ, (ਹੋਰਨਾਂ ਨੂੰ ਉਪਦੇਸ਼ ਕਰਦਾ ਹੈ, ਪਰ ਆਪ) ਜਨਮ ਮਰਨ ਦੇ ਗੇੜ ਵਿਚ ਦੁੱਖ ਪਾਂਦਾ ਰਹਿੰਦਾ ਹੈ। (ਅਜੇਹਾ ਮਨੁੱਖ ਸਾਰੀ ਉਮਰ ਆਤਮਕ ਮੌਤ ਲਿਆਉਣ ਵਾਲੇ ਮੋਹ-) ਜ਼ਹਿਰ ਦਾ ਕੀੜਾ ਬਣਿਆ ਰਹਿੰਦਾ ਹੈ, ਇਸੇ ਜ਼ਹਿਰ ਨਾਲ ਚੰਬੜਿਆ ਰਹਿੰਦਾ ਹੈ, ਇਸੇ ਗੰਦ ਵਿਚ ਆਤਮਕ ਜੀਵਨ ਮੁਕਾ ਲੈਂਦਾ ਹੈ। (ਪਰਮਾਤਮਾ ਨੇ ਅਜੇਹੇ ਮਨੁੱਖ ਦੇ ਪਿਛਲੇ ਕੀਤੇ ਕਰਮਾਂ ਅਨੁਸਾਰ) ਜੋ ਕੁਝ ਧੁਰ ਤੋਂ (ਉਸ ਦੇ ਮੱਥੇ ਉਤੇ) ਲਿਖ ਦਿੱਤਾ ਹੈ (ਜਗਤ ਵਿਚ ਆ ਕੇ) ਇਹ ਉਹੀ ਕੁਝ ਕਮਾਂਦਾ ਰਹਿੰਦਾ ਹੈ। ਕੋਈ ਮਨੁੱਖ (ਉਸ ਦੇ ਮੱਥੇ ਦੇ ਉਹਨਾਂ ਲੇਖਾਂ ਨੂੰ) ਮਿਟਾ ਨਹੀਂ ਸਕਦਾ।

ਹੇ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ ਉਹ ਸਦਾ ਹੀ ਆਨੰਦ ਮਾਣਦੇ ਹਨ, ਬਾਕੀ ਦੇ ਉਹ ਮੂਰਖ ਹਨ ਗੰਵਾਰ ਹਨ ਜੋ ਹੋਰਨਾਂ ਨੂੰ ਹੀ ਉਪਦੇਸ਼ ਕਰ ਕਰ ਕੇ ਆਪ ਆਤਮਕ ਮੌਤ ਸਹੇੜ ਲੈਂਦੇ ਹਨ।3।

ਮਾਇਆ ਮੋਹਿ ਮਨੁ ਰੰਗਿਆ ਮੋਹਿ ਸੁਧਿ ਨ ਕਾਈ ਰਾਮ ॥ ਗੁਰਮੁਖਿ ਇਹੁ ਮਨੁ ਰੰਗੀਐ ਦੂਜਾ ਰੰਗੁ ਜਾਈ ਰਾਮ ॥ ਦੂਜਾ ਰੰਗੁ ਜਾਈ ਸਾਚਿ ਸਮਾਈ ਸਚਿ ਭਰੇ ਭੰਡਾਰਾ ॥ ਗੁਰਮੁਖਿ ਹੋਵੈ ਸੋਈ ਬੂਝੈ ਸਚਿ ਸਵਾਰਣਹਾਰਾ ॥ ਆਪੇ ਮੇਲੇ ਸੋ ਹਰਿ ਮਿਲੈ ਹੋਰੁ ਕਹਣਾ ਕਿਛੂ ਨ ਜਾਏ ॥ ਨਾਨਕ ਵਿਣੁ ਨਾਵੈ ਭਰਮਿ ਭੁਲਾਇਆ ਇਕਿ ਨਾਮਿ ਰਤੇ ਰੰਗੁ ਲਾਏ ॥੪॥੫॥ {ਪੰਨਾ 571}

ਪਦਅਰਥ:- ਮੋਹਿ—ਮੋਹ ਵਿਚ। ਸੁਧਿ—(ਆਤਮਕ ਜੀਵਨ ਦੀ) ਸਮਝ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਜਾਈ—ਦੂਰ ਹੋ ਜਾਂਦਾ ਹੈ। ਸਾਚਿ—ਸਦਾ-ਥਿਰ ਹਰਿ-ਨਾਮ ਵਿਚ। ਸਚਿ—ਸਦਾ-ਥਿਰ ਹਰਿ-ਨਾਮ-ਧਨ ਨਾਲ। ਭਰਮਿ—ਭਟਕਣਾ ਵਿਚ (ਪੈ ਕੇ)। ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈ ਮਨੁੱਖ। ਲਾਏ—ਲਾਇ, ਲਾ ਕੇ।4।

ਅਰਥ:- ਹੇ ਭਾਈ! ਮਾਇਆ ਦੇ ਮੋਹ ਵਿਚ (ਇਸ ਮਨੁੱਖ ਦਾ) ਮਨ ਰੰਗਿਆ ਜਾਂਦਾ ਹੈ, ਮੋਹ ਵਿਚ (ਫਸ ਕੇ ਉਸ ਨੂੰ ਆਤਮਕ ਜੀਵਨ ਦੀ) ਕੋਈ ਸਮਝ ਨਹੀਂ ਆਉਂਦੀ। ਜੇ ਇਸ ਮਨ ਨੂੰ ਗੁਰੂ ਦੀ ਸਰਨ ਪੈ ਕੇ (ਨਾਮ-ਰੰਗ ਨਾਲ) ਰੰਗ ਲਿਆ ਜਾਏ, ਤਾਂ (ਇਸ ਤੋਂ) ਮਾਇਆ ਦੇ ਮੋਹ ਦਾ ਰੰਗ ਉਤਰ ਜਾਂਦਾ ਹੈ। (ਜਦੋਂ ਮਨੁੱਖ ਦੇ ਮਨ ਤੋਂ) ਮਾਇਆ ਦੇ ਮੋਹ ਦਾ ਰੰਗ ਲਹਿ ਜਾਂਦਾ ਹੈ, ਤਦੋਂ (ਮਨੁੱਖ) ਸਦਾ-ਥਿਰ ਹਰਿ-ਨਾਮ ਵਿਚ ਲੀਨ ਹੋ ਜਾਂਦਾ ਹੈ, ਸਦਾ-ਥਿਰ ਹਰਿ-ਨਾਮ-ਧਨ ਨਾਲ (ਉਸ ਦੇ ਆਤਮਕ) ਖ਼ਜ਼ਾਨੇ ਭਰ ਜਾਂਦੇ ਹਨ।

ਹੇ ਭਾਈ! ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹੀ (ਇਸ ਭੇਤ ਨੂੰ) ਸਮਝਦਾ ਹੈ। ਉਹ ਸਦਾ-ਥਿਰ ਹਰਿ-ਨਾਮ ਨਾਲ ਆਪਣੇ ਜੀਵਨ ਨੂੰ ਸੋਹਣਾ ਬਣਾ ਲੈਂਦਾ ਹੈ।

ਪਰ, ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਆਪ (ਆਪਣੇ ਨਾਲ) ਮਿਲਾਂਦਾ ਹੈ ਉਹੀ ਪਰਮਾਤਮਾ ਨੂੰ ਮਿਲ ਸਕਦਾ ਹੈ (ਪਰਮਾਤਮਾ ਦੀ ਆਪਣੀ ਮੇਹਰ ਤੋਂ ਛੁਟ) ਕੋਈ ਹੋਰ ਉਪਾਉ ਦੱਸਿਆ ਨਹੀਂ ਜਾ ਸਕਦਾ।

ਹੇ ਨਾਨਕ! ਜਗਤ ਨਾਮ ਤੋਂ ਬਿਨਾ ਭਟਕਣਾ ਵਿੱਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ। ਕਈ ਐਸੇ ਭੀ ਹਨ ਜੋ (ਪ੍ਰਭੂ-ਚਰਨਾਂ ਨਾਲ) ਪ੍ਰੀਤਿ ਜੋੜ ਕੇ ਪ੍ਰਭੂ ਦੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ।4।5।